ਡਾਇਰੈਕਟੋਰੇਟ ਸਥਾਨਕ ਸਰਕਾਰ ਪੰਜਾਬ, ਚੰਡੀਗੜ੍ਹ।

(ਲੇਖਾ ਸਾਖਾ)

238
30/6/17

ਸੇਵਾ ਵਿਖੇ,

ਕਾਰਜ ਸਾਧਕ ਅਫਸਰ,
ਨਗਰ ਕੌਂਸਲ, ਬਟਾਲਾ।

ਨੰ: ਲੇਖਾ-6-ਉਕਵਲ-ਡਸਸ-(37)-17/ 36119

ਮਿਤੀ: 19-06-17

ਵਿਸ਼ਾ:- ਨਗਰ ਕੌਂਸਲ, ਬਟਾਲਾ ਦਾ ਬਜਟ ਸਾਲ 2017-18 ਸਬੰਧੀ।

*********

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਉਕਤ ਸਥਾਨਕ ਸੰਸਥਾ ਦਾ ਬਜਟ ਅਨੁਮਾਨ ਸਾਲ 2017-18 ਇਸ ਵਿਭਾਗ ਵਿਖੇ ਪ੍ਰਵਾਨਗੀ ਲਈ ਪ੍ਰਾਪਤ ਹੋਇਆ ਹੈ। ਸਥਾਨਕ ਸੰਸਥਾਂ ਵੱਲੋਂ ਸਾਲ 2017-18 ਲਈ ਅਸਲ ਆਮਦਨ ਅਤੇ ਖਰਚਾ ਹੇਠ ਅਨੁਸਾਰ ਦਰਸਾਇਆ ਗਿਆ ਹੈ :-

ਬਜਟ ਐਸਟੀਮੇਟ (2017-18) (ਰਕਮ ਲੱਖਾਂ ਵਿੱਚ)

| ਆਮਦਨ | ਵਿਭਾਗ ਦੀ ਤਜਵੀਜ਼ |
|---|---|
| ਮਿਤੀ 01/04/2017 ਨੂੰ ਮੁੱਢਲਾ ਬਕਾਇਆ (ਕੈਸ਼ ਬੁੱਕ ਅਨੁਸਾਰ) | 62.28 |
| ਸਾਲ 2017-18 ਲਈ ਆਮਦਨ | 2950.00 |
| ਕੁਲ | **3012.28** |
| ਖਰਚਾ | |
| ੳ) ਅਮਲਾ : ਕੇਵਲ ਮੌਜੂਦਾ ਪੋਸਟਾਂ ਅਤੇ ਏਰੀਅਰ ਲਈ / ਪੈਨਸ਼ਨ ਕੰਟਰੀਬਿਊਸ਼ਨ / ਰਿਟਾਇਰਮੈਂਟ ਬੈਨੀਫਿਟ/ ਗਰੈਚੁਟੀ ਅਤੇ ਲੀਵ ਇੰਨਕੈਸਮੈਂਟ ਆਦਿ | 1850.00 |
| ਅ) ਕੰਟੀਜੈਂਸੀ: | 117.00 |
| ੲ) ਵਿਕਾਸ ਦੇ ਕੰਮਾਂ ਲਈ: ਕਮਿਟਡ : 780.00<br>ਨਾਨ ਕਮਿਟਡ : 203.00 | 983.00 |
| ਕੁਲ | **2950.00** |
| ਮਿਤੀ 31/3/2018 ਲਈ ਅੰਤਿਮ ਬਕਾਇਆ | 62.28 |
| ਕੁਲ | **3012.28** |

ਮਿਤੀ 31/3/2018 ਲਈ ਅੰਤਿਮ ਬਕਾਇਆ 62.28 ਲੱਖ ਰੁਪਏ ਨਿਸਚਿਤ ਗਿਆ ਹੈ।

ਆਮਦਨ- ਇਸ ਮੱਦ ਅਧੀਨ ਸਾਲ 2017-18 ਲਈ ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ ਦੀ ਕੁੱਲ ਆਮਦਨ 2950.00 ਲੱਖ ਰੁਪਏ ਪ੍ਰਵਾਨ ਕੀਤੀ ਜਾਂਦੀ ਹੈ -

| ਹੈਡ ਦਾ ਨਾਮ | ਵਿਭਾਗ ਦੀ ਪ੍ਰਵਾਨਗੀ |
|---|---|
| ਹਾਊਸ/ਪ੍ਰਾਪਰਟੀ ਟੈਕਸ | 170.00 |
| ਵੈਟ | 1600.00 |
| ਬਿਜਲੀ ਤੇ ਚੁੰਗੀ | 150.00 |
| ਐਕਸਾਈਜ ਡਿਊਟੀ | 100.00 |
| ਵਾਟਰ / ਸੀਵਰੇਜ | 70.00 |
| ਰੈਂਟ/ਤਹਿਬਜਾਰੀ | 25.35 |
| ਸਲਾਟਰ/ਮੈਟਰਨਿਟੀ ਹਸਪਤਾਲ | 0.55 |
| ਅੱਡਾ ਫੀਸ | 45.00 |
| ਫਾਇਰ ਸੈਸ | 7.00 |
| ਫੀਸਾਂ | 146.00 |
| ਅਦਰਜ | 60.00 |
| ਅਡਵਰਟਾਈਜਮੈਂਟ | 13.10 |
| ਸੇਲ ਆਫ ਪ੍ਰਾਪਰਟੀ | 563.00 |
| ਕੁਲ ਜੋੜ | **2950.00** |

ਨੋਟ :-ਆਪ ਵੱਲੋਂ ਨਗਰ ਕੌਂਸਲ ਦੇ ਪ੍ਰਾਪਰਟੀ ਟੈਕਸ, ਹਾਊਸ ਟੈਕਸ, ਵਾਟਰ ਸਪਲਾਈ ਅਤੇ ਸੀਵਰੇਜ, ਰੈਂਟ ਅਤੇ ਤਹਿਬਜਾਰੀ ਹੈਡ ਅਧੀਨ ਕ੍ਰਮਵਾਰ 30.00 ਲੱਖ, 70.00 ਲੱਖ, 40.00 ਲੱਖ 30.00 ਲੱਖ 5.08 ਲੱਖ ਅਤੇ 0.46 ਲੱਖ ਕੁ੍ਲ 175.54 ਲੱਖ ਦੇ ਪੁਰਾਣੇ ਬਕਾਇਆ ਏਰੀਅਰ ਦਰਸਾਏ ਗਏ ਹਨ। ਇਸ ਲਈ ਆਪ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਰਿਕਵਰੀ ਦੇ ਕੰਮ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਰਿਕਵਰੀ ਬਰਾਂਚਾਂ

Scanned by CamScanner

ਨੂੰ ਹੁਕਮ ਕੀਤੇ ਜਾਣ ਕਿ ਹਾਊਸ /ਪ੍ਰਾਪਰਟੀ ਟੈਕਸ, ਵਾਟਰ ਸਪਲਾਈ / ਸੀਵਰੇਜ /ਰੈਂਟ / ਤਹਿਬਜ਼ਾਰੀ ਪਿਛਲਾ ਸਾਰਾ ਬਕਾਇਆ ਅਗਲੇ ਤਿੰਨ ਮਹੀਨਿਆਂ ਦੌਰਾਨ ਹਰ ਹਾਲਤ ਵਿੱਚ ਰਿਕਵਰ ਕੀਤਾ ਜਾਵੇ ਅਤੇ ਰਿਕਵਰੀ ਰਿਪੋਰਟ ਇਸ ਦਫਤਰ ਨੂੰ ਪੁੱਜਦਾ ਕੀਤਾ ਜਾਵੇ। ਜੇਕਰ ਰਿਕਵਰੀ ਬਰਾਂਚਾਂ ਅਜਿਹਾ ਕਰਨ ਵਿੱਚ ਅਣਗਹਿਲੀ ਕਰਦੀਆਂ ਹਨ ਤਾਂ ਆਪ ਆਪਣੇ ਪੱਧਰ ਤੇ ਉਨਾਂ ਦੇ ਵਿਰੁੱਧ ਅਨੁਸਾਸ਼ਨੀ ਕਾਰਵਾਈ ਕਰਨ ਲਈ ਸਮਰੱਥ ਹੋਵੋਗੇ।

ਖਰਚਾ:

ਅਮਲਾ: ਅਮਲਾ ਹੈਡ ਅਧੀਨ 1850.00 ਲੱਖ ਰੁਪਏ ਪ੍ਰਵਾਨ ਕੀਤੇ ਜਾਂਦੇ ਹਨ। ਬਜਟ ਵਿੱਚ ਖਾਲੀ ਪੋਸਟਾਂ ਦਾ ਖਰਚਾ ਪ੍ਰਵਾਨ ਨਹੀਂ ਕੀਤਾ ਗਿਆ ਹੈ ਜਦੋਂ ਅਸਾਮੀਆਂ ਦੀ ਭਰਤੀ ਕੀਤੀ ਜਾਵੇਗੀ ਉਸ ਸਮੇਂ ਖਰਚਾ ਪ੍ਰਵਾਨ ਕਰਵਾ ਲਿਆ ਜਾਵੇ। ਇਸ ਮੱਦ ਅਧੀਨ ਪ੍ਰਵਾਨ ਹੋਇਆ ਖਰਚਾ ਕੇਵਲ ਮੌਜੂਦਾ ਪੋਸਟਾ ਲਈ, ਪੈਨਸਨ ਕੰਟਰੀਬਿਊਸਨ ਲਈ ਵਰਤਿਆ ਜਾਵੇਗਾ। ਲੰਬਿਤ ਦੇਣਦਾਰੀਆਂ ਪਹਿਲ ਦੇ ਆਧਾਰ ਤੇ ਅਦਾ ਕਰਨ ਦੇ ਹੁਕਮ ਦਿੱਤੇ ਜਾਂਦੇ ਹਨ।

ਨੋਟ :- ਨਗਰ ਕੌਂਸਲ ਨੂੰ ਲਿਖਿਆ ਜਾਂਦਾ ਹੈ ਕਿ ਕਿਸੇ ਵੀ ਅਸਾਮੀ ਨੂੰ ਆਪਣੇ ਪੱਧਰ ਤੇ ਇਸ ਵਿਭਾਗ ਤੋਂ ਪ੍ਰਵਾਨਤ ਸਕੇਲ ਤੋਂ ਵੱਧ ਸਕੇਲ ਨਾ ਦਿੱਤਾ ਜਾਵੇ ਅਤੇ ਨਾ ਹੀ ਕਿਸੇ ਪੋਸਟ ਨੂੰ ਇਸ ਵਿਭਾਗ ਤੋਂ ਪ੍ਰਵਾਨਤ ਪੋਸਟਾਂ ਤੋਂ ਇਲਾਵਾ ਕੋਈ ਡੈਜੀਗਨੇਸ਼ਨ ਦਿੱਤਾ ਜਾਵੇ।

ਕੰਟੀਜੈਂਸੀ:- ਇਸ ਮੱਦ ਅਧੀਨ ਸਾਲ 2017-18 ਲਈ ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ ਦਾ ਕੁਲ ਖਰਚਾ 117.00 ਲੱਖ ਰੁਪਏ ਪ੍ਰਵਾਨ ਕੀਤਾ ਜਾਂਦਾ ਹੈ :-

| ਹੈਡ ਦਾ ਨਾਮ | ਵਿਭਾਗ ਦੀ ਪ੍ਰਵਾਨਗੀ |
|---|---|
| ਸਟੇਸ਼ਨਰੀ | 8.00 |
| ਪੈਟਰੋਲ ਅਤੇ ਵਹੀਕਲ | 15.00 |
| ਕੰਪਿਊਟਰ | 1.00 |
| ਟੈਲੀਫੋਨ | 1.00 |
| ਬਿਜਲੀ ਦੇ ਬਿਲ | 15.00 |
| ਓ ਐਂਡ ਐਮ | 12.00 |
| ਮਿਸਲੇਨੀਅਸ ਚਾਰਜਿਜ | 65.00 |
| ਜੋੜ | **117.00** |

ਨੋਟ:- ਕਿਸੇ ਵੀ ਸਬ ਹੈਡ ਅਧੀਨ ਖਰਚਾ ਵੱਧਣ ਦੀ ਸੂਰਤ ਵਿੱਚ ਇਸ ਦਫਤਰ ਵੱਲੋਂ ਬਜਟ ਵਿੱਚ ਸੋਧ ਕਰਵਾਈ ਜਾਵੇ ਅਤੇ ਆਪਣੇ ਪੱਧਰ ਤੇ ਸਬ ਹੈਡਾਂ ਦੇ ਬਜਟ ਦੀ ਅਡਜਸਟਮੈਂਟ ਨਾ ਕੀਤੀ ਜਾਵੇ।

ਵਿਕਾਸ:- ਇਸ ਮੱਦ ਅਧੀਨ ਹੇਠ ਦਰਸਾਏ ਹੈਡਾਂ ਸਮੇਤ ਬਾਕੀ ਹੈਡਾਂ (ਕਮਿਟਡ ਅਤੇ ਨਾਨ ਕਮਿਟਡ) ਲਈ ਕੁਲ ਖਰਚਾ 983.00 ਲੱਖ ਰੁਪਏ ਪ੍ਰਵਾਨ ਕੀਤਾ ਜਾਂਦਾ ਹੈ :-

| ਹੈਡ ਦਾ ਨਾਮ (ਕਮਿਟਡ) | ਵਿਭਾਗ ਦੀ ਪ੍ਰਵਾਨਗੀ |
|---|---|
| ਐਮ.ਸੀ.ਬਿਲਡਿੰਗ ਉਸਾਰੀ | 10.00 |
| ਸਟਰੀਟ ਲਾਈਟ | 70.00 |
| ਬਿਜਲੀ ਦੇ ਰੱਖ ਰਖਾਵ | 40.00 |
| ਸੈਨੀਟੇਸਨ | 350.00 |
| ਡਾਇਰੈਕਟੋਰੇਟ ਚਾਰਜਿਜ | 10.00 |
| ਪਵਸਸਬ ਲਈ | 300.00 |
| ਜੋੜ | **780.00** |
| ਨਾਨ ਕਮਿਟਡ | ਵਿਭਾਗ ਦੀ ਪ੍ਰਵਾਨਗੀ |
| ਸੜਕਾਂ ਦੀ ਮੁਰੰਮਤ | 50.00 |
| ਨਾਲੀਆਂ ਦੀ ਰਿਪੇਅਰ | 50.00 |
| ਸੀ.ਸੀ ਫਲੋਰਿੰਗ | 50.00 |
| ਮਸ਼ੀਨਰੀ ਦੀ ਖਰੀਦ | 10.00 |
| ਮਿਸਲੇਨੀਅਸ | 43.00 |
| ਜੋੜ | **203.00** |

ਵਿਸ਼ੇਸ਼ ਨੋਟ :- ਆਪ ਵੱਲੋਂ ਦਿੱਤੀ ਗਈ ਬਜਟ ਤਜਵੀਜ ਅਧੀਨ ਇਹ ਸਪਸ਼ਟ ਕੀਤਾ ਗਿਆ ਹੈ ਕਿ ਨਗਰ ਕੌਂਸਲ ਦੀਆਂ ਕੁਲ 1133.69 ਲੰਬਿਤ ਦੇਣਦਾਰੀਆਂ ਹਨ ਜਿਸ ਵਿੱਚ ਰਿਟਾਇਰਮੈਂਟ ਡਿਊਜ ਦੀਆਂ 953.53 ਲੱਖ, ਕਰਮਚਾਰੀਆਂ ਦੀਆਂ 47.77 ਲੱਖ, ਠੇਕੇਦਾਰਾਂ ਦੀਆਂ 282.22 ਲੱਖ ਅਤੇ ਹੋਰ ਦੇਣਦਾਰੀਆਂ 32.92 ਲੱਖ ਰੁਪਏ ਸ਼ਾਮਿਲ ਹਨ। ਇਸ ਦੇ ਸਬੰਧ ਵਿੱਚ ਆਪ ਨੂੰ ਲਿਖਿਆ ਜਾਂਦਾ ਹੈ ਕਿ ਪੈਡਿੰਗ ਏਰੀਅਰ ਦੀ ਰਿਕਵਰੀ ਕਰਦੇ ਹੋਏ ਬਕਾਇਆ ਦੇਣਦਾਰੀਆਂ ਦੀ ਅਦਾਇਗੀ ਕੀਤੀ ਜਾਵੇ।

Scanned by CamScanner

ਆਪ ਨੂੰ ਇਹ ਹਦਾਇਤ ਵੀ ਕੀਤੀ ਜਾਂਦੀ ਹੈ ਕਿ ਆਮਦਨ ਵਧਾਉਣ ਦੇ ਉਪਰਾਲੇ ਕੀਤੇ ਜਾਣ ਅਤੇ ਬਕਾਇਆ ਏਰੀਅਰ ਦੀ ਰਿਕਵਰੀ ਵਿੱਚੋਂ ਹੀ ਲੰਬਿਤ ਦੇਣਦਾਰੀਆਂ ਦੀ ਅਦਾਇਗੀ ਕੀਤੀ ਜਾਵੇ।

ਨੋਟ :- ਆਪ ਨੂੰ ਵਿਸ਼ੇਸ਼ ਤੌਰ ਤੇ ਲਿਖਿਆ ਜਾਂਦਾ ਹੈ ਕਿ ਨਗਰ ਕੌਂਸਲ ਵੱਲੋਂ ਕੀਤੀ ਜਾਣ ਵਾਲੀ ਹਰ ਤਰਾਂ ਦੀ ਅਦਾਇਗੀ ਸਰਕਾਰ ਦੀਆਂ ਹਦਾਇਤਾਂ ਅਨੁਸਾਰ Aadhar Linked-Digital ਖਾਤਿਆਂ ਵਿੱਚ ਹੀ ਕੀਤੀ ਜਾਣੀ ਯਕੀਨੀ ਬਣਾਈ ਜਾਵੇ।

ਸ਼ਰਤਾਂ:-

1. ਸਾਲ 2017-18 ਲਈ ਮਿਥਿਆ ਗਿਆ ਆਮਦਨ ਦਾ ਟੀਚਾ ਪੂਰਾ ਕਰਨ ਲਈ ਕਾਰਜ ਸਾਧਕ ਅਫਸਰ ਦੀ ਜ਼ਿੰਮੇਵਾਰੀ ਹੋਵੇਗੀ ।
2. ਨਗਰ ਕੌਂਸਲ ਅੰਦਰ ਪੈਂਦੀਆਂ ਸਾਰੀਆਂ ਇਮਾਰਤਾਂ ਦਾ ਹਾਊਸ ਟੈਕਸ ਅਤੇ ਹੋਰ ਤਰ੍ਹਾਂ ਦੀ ਉਗਰਾਹੀ ਲਈ ਸਰਵੇ ਤਿੰਨ ਮਹੀਨੇ ਦੇ ਅੰਦਰ-ਅੰਦਰ ਮੁਕੰਮਲ ਕਰਵਾਇਆ ਜਾਵੇ ਅਤੇ ਏਰੀਅਰ ਦੀ 100% ਰਿਕਵਰੀ ਯਕੀਨੀ ਬਣਾਈ ਜਾਵੇ ।
3. ਅਮਲੇ ਦੇ ਖਰਚੇ ਅਤੇ ਦਫਤਰੀ ਖਰਚੇ ਨੂੰ ਹੋਰ ਘੱਟ ਕਰਨ ਸਬੰਧੀ ਉਪਰਾਲੇ ਕੀਤੇ ਜਾਣ ।
4. ਕਿਸੇ ਵੀ ਖਰਚੇ ਦੀ ਮੱਦ ਅਧੀਨ ਪ੍ਰਵਾਨ ਕੀਤੇ ਖਰਚੇ ਤੋਂ ਵੱਧ ਖਰਚਾ ਸਮਰੱਥ ਅਧਿਕਾਰੀ ਦੀ ਪ੍ਰਵਾਨਗੀ ਲਏ ਬਗੈਰ ਨਾ ਕੀਤਾ ਜਾਵੇ ਅਤੇ ਨਾ ਹੀ ਅਗਾਊਂ ਪ੍ਰਵਾਨਗੀ ਆਉਣ ਦੀ ਆਸ ਵਿੱਚ ਕੀਤਾ ਜਾਵੇ ।
5. ਕੋਈ ਨਵੀਂ ਅਸਾਮੀ/ਖਾਲੀ ਅਸਾਮੀ ਸਥਾਨਕ ਸਰਕਾਰ ਵਿਭਾਗ ਦੀ ਪੂਰਵ ਪ੍ਰਵਾਨਗੀ ਤੋਂ ਬਿਨਾਂ ਨਾ ਭਰੀ ਜਾਵੇ ।
6. ਇਸ ਵਿਭਾਗ ਦੀ ਪ੍ਰਵਾਨਗੀ ਤੋਂ ਬਗੈਰ ਕਿਸੇ ਅਸਾਮੀ ਦੀ ਤਬਦੀਲੀ ਨਾ ਕੀਤੀ ਜਾਵੇ ਅਤੇ ਕਰਮਚਾਰੀ ਦਾ ਕਾਡਰ ਵੀ ਤਬਦੀਲ ਨਾ ਕੀਤਾ ਜਾਵੇ ।
7. ਕੋਈ ਵੀ ਵਹੀਕਲ ਇਸ ਦਫਤਰ ਦੀ ਪੂਰਵ ਪ੍ਰਵਾਨਗੀ ਤੋਂ ਬਿਨ੍ਹਾਂ ਖਰੀਦ ਨਾ ਕੀਤਾ ਜਾਵੇ ।
8. ਡੇਲੀਵੇਜਿਜ਼ ਜਾਂ ਕੰਟਰੈਕਟ ਦੇ ਅਧਾਰ ਤੇ ਇਸ ਦਫਤਰ ਦੀ ਵਿਸ਼ੇਸ਼ ਪੂਰਵ ਪ੍ਰਵਾਨਗੀ ਤੋਂ ਬਿਨ੍ਹਾਂ ਕੋਈ ਵੀ ਨਿਯੁਕਤੀ ਨਾ ਕੀਤੀ ਜਾਵੇ ।
9. ਕੰਟਰੈਕਟ/ਠੇਕੇ ਤੇ ਭਰਤੀ ਕਰਨ ਦੀ ਬਜਾਏ ਜਿੱਥੇ ਤੱਕ ਸੰਭਵ ਹੋਵੇ ਕਿਸੇ ਬਾਹਰੀ ਸੰਸਥਾ ਤੋਂ ਲੋੜੀਂਦੇ ਸਟਾਫ ਦੀਆਂ ਸੇਵਾਵਾਂ ਪ੍ਰਾਪਤ ਕੀਤੀਆਂ ਜਾਣ ਤਾਂ ਜੋ ਸਥਾਨਕ ਸੰਸਥਾ ਨੂੰ ਭਵਿੱਖ ਵਿੱਚ ਕਿਸੇ ਕਿਸਮ ਦੀ ਕਾਨੂੰਨੀ ਅੜਚਨ ਨਾ ਆਵੇ ।
10. ਚੰਡੀਗੜ੍ਹ ਵਿਖੇ ਉਸਾਰੇ ਜਾਣ ਵਾਲੇਂ ਮਿਊਂਸਪਲ ਭਵਨ ਲਈ ਨਗਰ ਕੌਂਸਲ ਦੀ ਕੁਲ ਆਮਦਨ ਦਾ 1% ਦੀ ਰਾਸ਼ੀ ਦਾ ਉਪਬੰਧ ਕੀਤਾ ਜਾਂਦਾ ਹੈ ।
11. ਵਿਕਾਸ : ਵਰਕਸ ਦਾ ਖਰਚਾ ਸਪਲਿਟ ਕਰਨ ਤੇ ਪਾਬੰਦੀ ਹੈ । ਹਰ ਹਾਲਤ ਵਿੱਚ ਜੋ ਪੈਸੇ ਸਰਕਾਰ ਵੱਲੋਂ ਦਿੱਤੇ ਜਾਂਦੇ ਹਨ, ਉਸ ਨਾਲ ਕੰਮ ਵੀ ਸਮੇਂ ਸੀਮਾਂ ਅਤੇ ਮਿਥੇ ਤਮਹੀਨੇ ਵਿੱਚ ਮੁਕੰਮਲ ਕੀਤਾ ਜਾਵੇ । ਗਰਾਂਟ ਦਾ ਖਰਚਾ ਸਕੀਮ ਵਿੱਚ ਦਰਜ ਹਦਾਇਤਾਂ ਅਨੁਸਾਰ ਕੀਤਾ ਜਾਵੇ ਅਤੇ ਵਰਤੋਂ ਸਰਟੀਫਿਕੇਟ ਮੁੱਖ ਦਫਤਰ ਵਿਖੇ ਸਬੰਧਤ ਸ਼ਾਖਾ ਨੂੰ ਸਮੇਂ ਸਿਰ ਪੁੱਜਦਾ ਕੀਤਾ ਜਾਵੇ । ਕੌਂਸਲ ਵੱਲੋਂ ਹਰ ਸਾਲ ਆਪਣੀ ਪ੍ਰਬੰਧਕੀ ਰਿਪੋਰਟ ਤਿਆਰ ਕਰਕੇ ਸਮੇਂ ਸਿਰ ਸਰਕਾਰ ਨੂੰ ਭੇਜੀ ਜਾਵੇ । ਵਰਕਚਾਰਜ ਅਮਲੇ ਤੇ ਹੋਣ ਵਾਲਾ ਖਰਚਾ ਵਿਕਾਸ ਦੀ ਮੱਦ ਹੇਠੋਂ ਨਾ ਕੀਤਾ ਜਾਵੇ ਉਸ ਨੂੰ ਅਮਲੇ ਦੀ ਮੱਦ ਵਿੱਚ ਕੀਤਾ ਜਾਵੇ ।
12. ਫਾਇਰ ਬ੍ਰਿਗੇਡ ਲਈ ਲੋੜੀਂਦੇ ਡਰਾਈਵਰ ਪਾਸਕੋ ਤੋਂ ਜਾਂ ਕਿਸੇ ਬਾਹਰੀ ਸੰਸਥਾ ਤੋਂ ਲਏ ਜਾਣ ।
13. ਸਾਲ 2017-18 ਦੌਰਾਨ ਵਿਕਾਸ ਦੇ ਕੰਮਾਂ ਦੀ ਜੋ ਸੂਚੀ ਬਜਟ ਅਨੁਮਾਨ ਨਾਲ ਭੇਜੀ ਹੈ ਉਸ ਦੇ ਅਨੁਸਾਰ ਹੀ ਵਿਕਾਸ ਦੇ ਕੰਮ ਕਰਵਾਏ ਜਾਣ ਨੂੰ ਯਕੀਨੀ ਬਣਾਇਆ ਜਾਵੇ ।
14. ਕਰਮਚਾਰੀਆਂ ਨੂੰ ਮਿਲਣ ਵਾਲੇ ਰਿਟਾਇਰਲ ਡਿਊਜ਼, ਜੀ.ਪੀ.ਫੰਡ ਦੀ ਅਦਾਇਗੀ, ਪੈਨਸ਼ਨ ਫੰਡ ਦੀ ਅਦਾਇਗੀ, ਲੂਡਕ ਅਤੇ ਐਲ.ਆਈ.ਸੀ.ਦੇ ਕਰਜਿਆਂ ਦੀ ਅਦਾਇਗੀ ਨੂੰ ਫਸਟ ਚਾਰਜ ਰੱਖਦੇ ਹੋਏ ਪਹਿਲ ਦੇ ਅਧਾਰ ਤੇ ਅਦਾਇਗੀ ਕੀਤੀ ਜਾਵੇ ।
15. ਕਰਮਚਾਰੀਆਂ ਨੂੰ ਕਰਜੇ ਦੇਣ ਦੇ ਸਬੰਧ ਵਿੱਚ ਰਾਜ ਸਰਕਾਰ ਦੁਆਰਾ ਆਪਣੇ ਕਰਮਚਾਰੀਆਂ ਲਈ ਜਾਰੀ ਕੀਤੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕੀਤੀ ਜਾਵੇ ।
16. ਸ਼ਹਿਰੀ ਗਰੀਬਾਂ ਨੂੰ ਮੁਢਲੀ ਸਹੂਲਤਾਂ ਦੇਣ ਸਬੰਧੀ ਉਪਰਾਲੇ ਕੀਤੇ ਜਾਣ ।
17. ਸਾਲ 2017-18 ਦੇ ਪ੍ਰਵਾਨ ਕੀਤੇ ਬਜਟ/ਆਮਦਨ ਦਾ 1% ਨਗਰ ਕੌਂਸਲ ਦੇ ਵਿਕਾਸ ਦੇ ਫੰਡ ਵਿੱਚੋਂ ਸ਼ਹਿਰ ਦੀ ਹਰਿਆਵਲੀ/ਗਰੀਨਰੀ ਲਈ ਵਰਤਿਆ ਜਾਵੇ ।
18. ਸਥਾਨਕ ਸੰਸਥਾ ਦੇ ਦਫਤਰ ਵਿੱਚ ਕੰਪਿਊਟਰਾਈਜੇਸ਼ਨ ਕਰਨ ਲਈ ਬਜਟ ਦੇ ਫੰਡਾਂ ਵਿੱਚੋਂ ਆਪ ਦੇ ਅਧਿਕਾਰੀਆਂ / ਕਰਮਚਾਰੀਆਂ ਨੂੰ ਕੰਪਿਊਟਰ ਟਰੇਨਿੰਗ ਆਪਣੇ ਪੱਧਰ ਤੇ ਕਰਵਾਈ ਜਾਵੇ ਅਤੇ ਸਾਰੀਆਂ ਬਰਾਂਚਾਂ ਦੀ ਨੈਟ-ਵਰਕਿੰਗ ਕਰਕੇ ਕੰਪਿਊਟਰਾਈਜੇਸ਼ਨ ਹਰ ਹਾਲਤ ਵਿੱਚ ਕੀਤੀ ਜਾਵੇ ।
19. ਕਿਸੇ ਵੀ ਸਥਾਨਕ ਸੰਸਥਾ ਦੇ ਸਬੰਧ ਵਿੱਚ ਆਡਿਟ ਵੱਲੋਂ ਜੋ ਇਤਰਾਜ ਲਗਾਏ ਜਾਂਦੇ ਹਨ ਉਨ੍ਹਾਂ ਦਾ ਉੱਤਰ ਆਡਿਟ ਨੋਟ ਵਿੱਚ ਦਰਸਾਏ ਅਨੁਸਾਰ ਸਮੇਂ ਸਿਰ ਸਾਰੇ ਪੈਰ੍ਹੇ ਨਾਲ-ਨਾਲ ਸੈਟਲ ਕਰਵਾਏ ਜਾਣ ।

ਭਾਗ ਅਫਸਰ
ਸਥਾਨਕ ਸਰਕਾਰ ਵਿਭਾਗ ਪੰਜਾਬ
ਮਿਤੀ:

ਪਿੱਠ ਅੰਕਣ ਨੰ:ਲੇਖਾ-6-ਉਕਵਲ-ਡਸਸ-(37)-17/

ਇਸ ਦਾ ਇੱਕ ਉਤਾਰਾ ਰਿਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਅੰਮ੍ਰਿਤਸਰ ਨੂੰ ਸੂਚਨਾਂ ਹਿੱਤ ਭੇਜਿਆ ਜਾਂਦਾ ਹੈ।

ਭਾਗ ਅਫਸਰ
ਸਥਾਨਕ ਸਰਕਾਰ ਵਿਭਾਗ ਪੰਜਾਬ

Scanned by CamScanner